# ਦਫ਼ਤਰ, ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ-ਸਟੇਟ ਪ੍ਰਾਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਿਟੀ, ਪੰਜਾਬ।

**ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਈ-ਬਲਾਕ, ਪੰਜਵੀਂ ਮੰਜਲ, ਫ਼ੇਜ਼-8 ਸਾਹਿਬਜ਼ਾਦਾ ਅਜੀਤ ਸਿੰਘ ਨਗਰ**
**ਫ਼ੋਨ ਨੰ: 01725212329 ਈ-ਮੇਲ : aspdtb123@gmail.com**

ਵੱਲ:

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐਸਿ ਤੇ ਸੈਸਿ),
ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ, ਪੰਜਾਬ।
ਸਮੂਹ ਸਕੂਲ ਮੁਖੀ, ਪੰਜਾਬ।

ਮੀਮੋ ਨੰ: ਸਸਅ/ਪਾਠ ਪੁਸਤਕਾਂ/2018/42581 ਮਿਤੀ, ਸਅਸ ਨਗਰ:18-09-2018

**ਵਿਸ਼ਾ: ਕਿਤਾਬਾਂ ਸਬੰਧੀ ਅੰਕੜੇ ਈਪੰਜਾਬਸਕੂਲ ਪੋਰਟਲ 'ਤੇ ਅੱਪਡੇਟ ਕਰਨ ਬਾਰੇ।**

**ਹਵਾਲਾ:** ਮੀਮੋ ਨੰ: ਸਸਅ/ਪਾਠ ਪੁਸਤਕਾਂ/2018/ 37623 ਮਿਤੀ: 23-08-2018 ਦੇ ਸਬੰਧ ਵਿੱਚ।

1.0 ਵਿਸ਼ਾ-ਅੰਕਿਤ ਮਾਮਲੇ ਦੇ ਸਬੰਧ ਵਿੱਚ ਲਿਖਿਆ ਜਾਂਦਾ ਹੈ ਕਿ ਹਵਾਲਾ ਅਧੀਨ ਪੱਤਰ ਰਾਹੀਂ ਸਕੱਤਰ ਸਕੂਲ ਸਿੱਖਿਆ ਜੀ ਵੱਲੋਂ ਆਪ ਨੂੰ ਸਾਲ 2018-19 ਦੌਰਾਨ ਰਾਜ ਦੇ ਸਰਕਾਰੀ ਤੇ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਦੇ ਵਿਦਿਆਰਥੀਆਂ ਨੂੰ ਵੰਡੀਆਂ ਗਈਆਂ ਕਿਤਾਬਾਂ ਦੀ ਜਾਣਕਾਰੀ ਈਪੰਜਾਬਸਕੂਲ ਪੋਰਟਲ 'ਤੇ ਮਿਤੀ 31-08-2018 ਤੱਕ ਮੁਕੰਮਲ ਰੂਪ ਵਿੱਚ ਅੱਪਲੋਡ ਕਰਨ ਦੀ ਹਦਾਇਤ ਕੀਤੀ ਗਈ ਸੀ ਪਰੰਤੂ ਮਿਤੀ 10-09-2018 ਤੱਕ ਪ੍ਰਾਪਤ ਜਾਣਕਾਰੀ ਮੁਤਾਬਿਕ ਹਾਲੇ ਵੀ 25.60% ਸਕੂਲਾਂ ਵੱਲੋਂ ਲੋੜੀਂਦੀ ਜਾਣਕਾਰੀ ਹਾਲੇ ਤੱਕ ਵੀ ਅੱਪਲੋਡ ਨਹੀਂ ਕੀਤੀ ਗਈ।

2.0 ਇੱਥੇ ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਸਿ/ ਐਸਿ) ਸ਼੍ਰੀ ਅੰਮ੍ਰਿਤਸਰ ਸਾਹਿਬ, ਜਲੰਧਰ, ਕਪੂਰਥਲਾ, ਪਟਿਆਲਾ, ਰੂਪਨਗਰ ਅਤੇ ਤਰਨਤਾਰਨ ਨੂੰ ਸੁਚੇਤ ਕੀਤਾ ਜਾਂਦਾ ਹੈ ਕਿ ਇਹਨਾਂ ਜ਼ਿਲ੍ਹਿਆਂ ਵਿੱਚ ਐਂਟਰੀ 40% ਤੋਂ ਵੀ ਵੱਧ ਪੈਂਡਿੰਗ ਹੈ, ਇਸ ਲਈ ਸਬੰਧਤ ਸਕੂਲ ਮੁਖੀਆਂ ਨੂੰ ਤੁਰੰਤ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ ਜਾਣ।

3.0 ਇਸ ਲਈ ਆਪ ਨੂੰ ਮੁੜ ਤੋਂ ਹਦਾਇਤ ਕੀਤੀ ਜਾਂਦੀ ਹੈ ਕਿ ਮਿਤੀ 20-09-2018 ਤੱਕ ਕਿਤਾਬਾਂ ਦੀ ਵੰਡ ਸਬੰਧੀ ਐਂਟਰੀ ਈਪੰਜਾਬਸਕੂਲ ਪੋਰਟਲ 'ਤੇ ਅੱਪਡੇਟ ਕਰਨੀ ਯਕੀਨੀ ਬਣਾਈ ਜਾਵੇ ਅਤੇ ਜੇਕਰ ਕੋਈ ਸਕੂਲ ਫ਼ਿਰ ਵੀ ਅਣਗਹਿਲੀ ਵਰਤਣ ਦਾ ਦੋਸ਼ੀ ਪਾਇਆ ਜਾਂਦਾ ਹੈ ਤਾਂ ਉਸ ਸਕੂਲ ਮੁਖੀ ਖ਼ਿਲਾਫ਼ ਵਿਭਾਗੀ ਕਾਰਵਾਈ ਕੀਤੀ ਜਾਵੇਗੀ।

**ਸਟੇਟ ਪ੍ਰਾਜੈਕਟ ਡਾਇਰੈਕਟਰ**
**ਸਰਵ ਸਿੱਖਿਆ ਅਭਿਆਨ, ਪੰਜਾਬ।**